ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ।
ਐਟ ਪੰ.ਸ.ਸਿੱ.ਬੋਰਡ ਕੰਪਲੈਕਸ, ਫੇਜ਼-VIII, ਐਸ.ਏ.ਐਸ. ਨਗਰ।
(ਕੋਆਰਡੀਨੇਸ਼ਨ ਸ਼ਾਖਾ)
(email. dpise.coordination@punjabeducation.gov.in)

ਸੇਵਾ ਵਿਖੇ

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ/ਐਸਿ), ਪੰਜਾਬ।
2. ਸਮੂਹ ਸਕੂਲ ਮੁਖੀ, ਪੰਜਾਬ।

ਮੀਮੋ ਨੰ. 312446/DPISE/12/2020/Coordination/ 2023293909-910
ਮਿਤੀ 18-10-2023

ਵਿਸ਼ਾ:- **ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ ਸਬੰਧੀ ਜਾਣਕਾਰੀ ਦੇਣ ਬਾਰੇ।**

ਹਵਾਲਾ: ਪੰਜਾਬ ਸਰਕਾਰ, ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਡਾਇਰੈਕਟੋਰੇਟ (ਪੈਨਸ਼ਨ -2 ਸ਼ਾਖਾ) ਦਾ ਦਾ ਪੱਤਰ ਨੰ. 12020/36/2023-2P2/1196 ਮਿਤੀ 31.08.2023.

ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੀ ਕਾਪੀ ਆਪ ਨੂੰ ਹਦਾਇਤਾਂ ਦੀ ਇੰਨ –ਬਿੰਨ ਪਾਲਣਾ ਹਿੱਤ ਭੇਜੀ ਜਾਂਦੀ ਹੈ

ਨੱਥੀ ਉਕਤ ਅਨੁਸਾਰ

17/10/23
ਸੁਪਰਡੰਟ (ਕੋਆਰਡੀਨੇਸ਼ਨ)

ਪਿੰ.ਅੰ. ਨੰ. ਉਕਤ / 2023293911-914 ਮਿਤੀ 18-10-2023

ਉਤਾਰਾ ਹੇਠ ਲਿਖਿਆ ਨੂੰ ਹਦਾਇਤਾਂ ਦੀ ਪਾਲਣਾ ਹਿੱਤ ਭੇਜਿਆ ਜਾਂਦਾ ਹੈ:-

1. ਸਕੱਤਰ, ਪੰਜਾਬ ਸਕੂਲ ਸਿੱਖਿਆ ਬੋਰਡ।
2. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ ਅਤੇ ਐਲੀਮੈਂਟਰੀ), ਪੰਜਾਬ।
3. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦਫਤਰ ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ।
4. ਸਮੂਹ ਅਧਿਕਾਰੀ/ਸ਼ਾਖਾ ਮੁਖੀ, ਦਫਤਰ ਡਾਇਰੈਕਟਰ ਐਸ.ਸੀ.ਈ.ਆਰ.ਟੀ. ਪੰਜਾਬ।

17/10/23
ਸੁਪਰਡੰਟ (ਕੋਆਰਡੀਨੇਸ਼ਨ)

ਪੰਜਾਬ ਸਰਕਾਰ
ਪੈਨਸ਼ਨਾ ਅਤੇ ਪੈਨਸ਼ਨਰਾਂ ਦੀ ਭਲਾਈ ਡਾਇਰੈਕਟੋਰੇਟ
(ਪੈਨਸ਼ਨ-2 ਸ਼ਾਖਾ)
ਵਿੱਤ ਤੇ ਯੋਜਨਾ ਭਵਨ, ਪਲਾਟ ਨੰਬਰ 2 ਬੀ, 5ਵੀਂ ਮੰਜ਼ਿਲ, ਸੈਕਟਰ 33ਏ, ਚੰਡੀਗੜ੍ਹ

ਸੇਵਾ ਵਿਖੇ,

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸਨਰਜ਼ ਅਤੇ
ਜਿਲ੍ਹਿਆਂ ਦੇ ਡਿਪਟੀ ਕਮਿਸ਼ਨਰਜ਼।
ਮੀਮੋ ਨੰਬਰ 12020/36/2023-2P2/1196.
ਮਿਤੀ, ਚੰਡੀਗੜ੍ਹ 31/8/2023

ਵਿਸ਼ਾ:- ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ ਸਬੰਧੀ ਜਾਣਕਾਰੀ ਦੇਣ ਬਾਰੇ।

*********

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2. ਵਿਸ਼ਾ ਅੰਕਿਤ ਮਾਮਲੇ ਸਬੰਧੀ ਦਸਿਆ ਜਾਂਦਾ ਹੈ ਕਿ ਪੰਜਾਬ ਸਰਕਾਰ ਵੱਲੋਂ ਪੈਨਸ਼ਨਰਾਂ ਦੀ ਭਲਾਈ ਲਈ ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ ਵਿੱਤ ਵਿਭਾਗ (ਵਿੱਤ ਪਸੋਨਲ -3 ਸ਼ਾਖਾ) ਦੀ ਨੋਟੀਫਿਕੇਸ਼ਨ ਨੰ 16/24/85-1FPIII/15588 ਮਿਤੀ 05-08-1986 ਰਾਹੀਂ ਮਿਤੀ 01-08-1986 ਨੂੰ ਸਥਾਪਿਤ ਕੀਤਾ ਗਿਆ ਸੀ। ਇਸ ਵਿਭਾਗ ਵੱਲੋਂ CSR Volume-II, Chapter 9(9.1) ਅਨੁਸਾਰ ਪੰਜਾਬ ਸਰਕਾਰ ਦੇ ਸਮੂਹ ਵਿਭਾਗਾਂ ਤੋਂ ਰਿਟਾਇਰ ਹੋਏ ਅਧਿਕਾਰੀਆਂ/ਕਰਮਚਾਰੀਆਂ ਦੇ ਨਾਲ ਸਬੰਧਤ ਪੈਨਸ਼ਨ ਕੇਸ਼ਾਂ ਅਤੇ ਪੈਨਸ਼ਨਰੀ ਲਾਭਾਂ ਦੀ ਸਥਿਤੀ ਨੂੰ ਮੋਨੀਟਰ ਕਰਨ ਅਤੇ ਵੱਖ ਵੱਖ ਵਿਭਾਗਾਂ ਤੋਂ ਰਿਟਾਇਰ ਹੋਣ ਵਾਲੇ ਅਧਿਕਾਰੀਆਂ ਕਰਮਚਾਰੀਆਂ ਦੇ ਪੈਨਸ਼ਨ ਕੇਸ ਸਮੇਂ ਸਿਰ ਮਹਾਂਲੇਖਾਕਾਰ ਪੰਜਾਬ ਨੂੰ ਭੇਜਣਾ ਯਕੀਨੀ ਬਣਾਉਣ ਲਈ ਤਿਮਾਹੀ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ। ਇਹ ਵਿਭਾਗ ਪੰਜਾਬ ਸਰਕਾਰ ਤੋਂ ਸੇਵਾ ਨਿਵਰਿਤ ਹੋਏ ਅਧਿਕਾਰੀਆਂ/ਕਰਮਚਾਰੀਆਂ ਦੀਆਂ ਸ਼ਿਕਾਇਤਾਂ/ਪ੍ਰਤਬੇਨਤੀਆਂ ਦਾ ਨਿਪਟਾਰਾ ਉਹਨਾਂ ਦੇ ਪ੍ਰਬੰਧਕੀ ਵਿਭਾਗਾਂ ਨਾਲ ਤਾਲਮੇਲ ਕਰਕੇ ਕਰਵਾਉਂਦਾ ਹੈ। ਇਸ ਵਿਭਾਗ ਵਿੱਚ ਵੱਖ ਵੱਖ ਪੈਨਸ਼ਨਰ ਐਸੋਸੀਏਸ਼ਨਾਂ ਵੱਲੋਂ ਅਪਣੀ ਮੰਗਾਂ ਸਬੰਧੀ ਮੰਗ ਪੱਤਰ ਵੀ ਦਿੱਤੇ ਜਾਂਦੇ ਹਨ ਜਿਨ੍ਹਾਂ ਦਾ ਨਿਪਟਾਰਾ ਸਰਕਾਰ ਪੱਧਰ ਤੇ ਐਸੋਸੀਏਸ਼ਨਾਂ ਦੇ ਅਹੁਦੇਦਾਰਾਂ ਨਾਲ ਸਮੇਂ ਸਮੇਂ ਤੇ ਮੀਟਿੰਗਾਂ ਕਰਵਾਕੇ ਕੀਤਾ ਜਾਂਦਾ ਹੈ। ਇਸ ਵਿਭਾਗ ਵੱਲੋਂ ਕੇਂਦਰ ਸਰਕਾਰ ਦੀ ਤਰਜ਼ ਤੇ ਪੰਜਾਬ ਦੇ ਸਾਰੇ ਜਿਲ੍ਹਿਆਂ ਵਿੱਚ ਹਰ ਸਾਲ ਪੈਨਸ਼ਨ ਅਦਾਲਤ ਵੀ ਲਗਵਾਈ ਜਾਂਦੀ ਹੈ, ਜਿਸ ਵਿੱਚ ਪੈਨਸ਼ਨਰਾਂ ਦੀ ਸਮੱਸਿਆਂ ਦਾ ਹੱਲ ਮੌਕੇ ਤੇ ਹੀ ਕਰਵਾਉਣ ਦਾ ਯਤਨ ਕੀਤਾ ਜਾਂਦਾ ਹੈ। ਇਹ ਵਿਭਾਗ PGRS ਪੋਰਟਲ ਤੇ ਵੀ ਰਜਿਸਟਰਡ ਹੈ ਜਿਸ ਵਿੱਚ ਪੈਨਸ਼ਨਰਾਂ ਵੱਲੋਂ ਅਪਣੀਆਂ ਪੈਨਸ਼ਨ ਸਬੰਧੀ ਸਮੱਸਿਆਵਾਂ online ਵੀ ਵਿਭਾਗ ਵਿੱਚ ਭੇਜੀਆਂ ਜਾ ਸਕਦੀਆਂ ਹਨ।

3. ਉਕਤ ਦੇ ਸਨਮੁੱਖ ਆਪ ਜੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ ਦਾ ਦਫਤਰ ਵਿੱਤ ਤੇ ਯੋਜਨਾ ਭਵਨ, ਪਲਾਟ ਨੰ 2ਬੀ, ਪੰਜਵੀਂ ਮੰਜਿਲ, ਸੈਕਟਰ -33ਏ, ਚੰਡੀਗੜ੍ਹ ਵਿਖੇ ਹੈ। ਇਸ ਵਿਭਾਗ ਦੀ ਈਮੇਲ ਆਈ ਡੀ **pensionbranch1@gmail.com** ਹੈ। ਇਸ ਲਈ ਕਿਰਪਾ ਕਰਕੇ ਅਪਣੇ ਅਧੀਨ ਆਉਂਦੇ ਸਾਰੇ ਅਧਿਕਾਰੀਆਂ/ਕਰਮਚਾਰੀਆਂ ਅਤੇ ਰਿਟਾਇਰੀਆਂ ਨੂੰ ਇਸ ਵਿਭਾਗ ਬਾਰੇ ਜਾਣੂ ਕਰਵਾਇਆ ਜਾਵੇ ਤਾਂ ਜੋ ਉਹਨਾਂ ਨੂੰ ਜੇਕਰ ਪੈਨਸ਼ਨ ਜਾਂ ਰਿਟਾਇਰਮੈਂਟ ਦੀਆਂ ਹੋਰ ਅਦਾਇਗੀਆਂ ਸਬੰਧੀ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਇਸ ਵਿਭਾਗ ਨਾਲ ਰਾਬਤਾ ਕਾਇਮ ਕਰ ਸਕਣ। ਇਸ ਤੋਂ ਇਲਾਵਾ ਆਪ ਦੇ ਅਧੀਨ ਆਉਂਦੇ ਖੇਤਰੀ ਦਫਤਰਾਂ ਨੂੰ ਵੀ ਇਸ ਦਫਤਰ ਬਾਰੇ ਜਾਣਕਾਰੀ ਦਿੱਤੀ

ਜਾਵੇ ਤਾਂ ਜੋ ਲੋੜਵੰਦ ਅਧਿਕਾਰੀ/ਕਰਮਚਾਰੀ ਇਸ ਵਿਭਾਗ ਬਾਰੇ ਜਾਣੂ ਹੋ ਸਕਣ। ਜਿਥੋ ਤੱਕ ਸੰਭਵ ਹੋਵੇ ਤਾਂ ਇਸ ਬਾਰੇ ਅਧਿਕਾਰੀਆਂ/ਕਰਮਚਾਰੀਆਂ ਦੇ ਬਣੇ ਵੱਟਸ ਐਪ ਗੁਰੱਪਾਂ ਵਿੱਚ ਵੀ ਇਹ ਜਾਣਕਾਰੀ ਸਾਂਝੀ ਕੀਤੀ ਜਾਵੇ।

ਡਾਇਰੈਕਟਰ
ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ

ਇਸ ਦਾ ਇੱਕ ਉਤਾਰਾ ਪੰਜਾਬ ਸਰਕਾਰ ਦੇ ਸਮੂਹ ਵਿਸੇਸ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਪ੍ਰਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਡਾਇਰੈਕਟਰ
ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ

ਸੇਵਾ ਵਿਖੇ,

ਸਮੂਹ ਵਿਸੇਸ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਪ੍ਰਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼ ਅਤੇ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।

ਅੰ.ਵਿ.ਪੱ.ਨੰ. 12020/36/2023-2P2/1197 ਮਿਤੀ, ਚੰਡੀਗੜ੍ਹ 31/08/2023

ਪਿੱਠ.ਅੰ.ਨੰ. 12020/36/2023-2P2/1198 ਮਿਤੀ, ਚੰਡੀਗੜ੍ਹ 31/08/2023

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਨਿੱਜੀ ਸਕੱਤਰ/ਵਿੱਤ ਮੰਤਰੀ , ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਵਿੱਤ ਵਿਭਾਗ।

ਡਾਇਰੈਕਟਰ
ਪੈਨਸ਼ਨ ਅਤੇ ਪੈਨਸ਼ਨਰਾਂ ਦੀ ਭਲਾਈ ਵਿਭਾਗ